# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-05-2024**

ਪੰਜਾਬ ਦੇ 13 ਲੋਕ ਸਭਾ ਹਲਕਿਆਂ ਵਿਚ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਅੱਜ ਚੌਥਾ ਦਿਨ ਏ । ਅੱਜ ਭਾਰਤੀ ਜਨਤਾ ਪਾਰਟੀ, ਕਾਂਗਰਸ ਪਾਰਟੀ, ਸ਼੍ਰੋਮਣੀ ਅਕਾਲੀ ਦੱਲ, ਬਹੁਜਨ ਸਮਾਜ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਕਈ ਉਮੀਦਵਾਰ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕਰ ਰਹੇ ਨੇ । ਇਸ ਤੋਂ ਪਹਿਲਾਂ ਕੱਲ੍ਹ ਤੀਜੇ ਦਿਨ 28 ਉਮੀਦਵਾਰਾਂ ਨੇ 31 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਇਸ ਤਰ੍ਹਾਂ 7 ਤੋਂ 9 ਮਈ ਤੱਕ 61 ਉਮੀਦਵਾਰਾਂ ਵੱਲੋਂ 68 ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਚੁੱਕੇ ਨੇ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ ਤੋਂ ਇਕ-ਇਕ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤਾ ਗਿਆ । ਸੰਗਰੂਰ, ਅੰਮ੍ਰਿਤਸਰ, ਬਠਿੰਡਾ ਅਤੇ ਫਿਰੋਜ਼ਪੁਰ ਤੋਂ ਦੋ-ਦੋ

ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ, ਜਦਕਿ ਪਟਿਆਲਾ ਤੇ ਆਨੰਦਪੁਰ ਸਾਹਿਬ ਤੋਂ ਤਿੰਨ - ਤਿੰਨ, ਖਡੂਰ ਸਾਹਿਬ ਤੋਂ ਚਾਰ ਅਤੇ ਲੁਧਿਆਣਾ ਤੋਂ ਪੰਜ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਫਰੀਦਕੋਟ ਤੋਂ 3 ਉਮੀਦਵਾਰਾਂ ਨੇ 6 ਨਾਮਜ਼ਦਗੀ ਪੱਤਰ ਦਾਖਲ ਕੀਤੇ ਜਦਕਿ ਇਕ ਉਮੀਦਵਾਰ ਨੇ 4 ਫਾਰਮ ਭਰੇ ਨੇ। ਉਨਾਂ ਦੱਸਿਆ ਕਿ ਗੁਰਦਾਸਪੁਰ ਅਤੇ ਜਲੰਧਰ ਲੋਕ ਸਭਾ ਸੀਟ ਲਈ ਕਲ ਕਿਸੇ ਵੀ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ।

---------------------------------------------------------

ਪਟਿਆਲਾ ਲੋਕਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਪ੍ਰਨੀਤ ਕੌਰ ਨੇ ਕਲ ਸਨੌਰ ਵਿਧਾਨ ਸਭਾ ਹਲਕੇ ਵਿਚ ਪਟਿਆਲਾ-ਦੇਵੀਗੜ੍ਹ ਰੋਡ 'ਤੇ ਸਥਿਤ ਪ੍ਰੇਮ ਬਾਗ ਵਿਚ ਇਕ ਇਕੱਠ ਨੂੰ ਸੰਬੋਧਨ ਕੀਤਾ। ਉਨਾਂ ਕਿਹਾ ਕਿ ਇਸ ਹਲਕੇ ਨੇ ਹਮੇਸ਼ਾ ਹੀ ਕੈਪਟਨ ਅਮਰਿੰਦਰ ਸਿੰਘ ਦੇ ਪਰਿਵਾਰ ਨੂੰ ਪੂਰਾ ਸਹਿਯੋਗ ਦਿੱਤਾ ਏ। ਸਨੌਰ ਇਲਾਕੇ ਦੇ ਵਿਕਾਸ ਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਵੱਲੋਂ ਆਪਣੇ ਵੋਟ ਦੇ ਅਧਿਕਾਰ ਰਾਹੀਂ

ਦਿੱਤੀ ਤਾਕਤ ਨਾਲ ਉਹ ਇਲਾਕੇ ਦੀ ਸਭ ਤੋਂ ਵੱਡੀ ਸਮੱਸਿਆ ਘੱਗਰ ਦੇ ਸਥਾਈ ਹੱਲ ਨੂੰ ਅੰਤਿਮ ਪੜਾਅ 'ਤੇ ਲਿਜਾਣ 'ਚ ਕਾਮਯਾਬ ਰਹੇ ਨੇ। ਘੱਗਰ ਦੇ ਹੱਲ ਤੋਂ ਬਾਅਦ ਇਲਾਕੇ ਵਿੱਚ ਹੜ੍ਹਾਂ ਦੀ ਸਮੱਸਿਆ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗੀ ਅਤੇ ਭਵਿੱਖ ਵਿੱਚ ਇਲਾਕੇ ਦੇ ਲੋਕ ਜਾਨੀ ਮਾਲੀ ਨੁਕਸਾਨ ਤੋਂ ਬਚ ਸਕਣਗੇ।

---------------------------------------------------

ਏਧਰ ਆਨੰਦਪੁਰ ਸਾਹਿਬ ਤੋਂ ਕਾਂਗਰਸ ਦੇ ਉਮੀਦਵਾਰ ਵਿਜੇ ਇੰਦਰ ਸਿੰਗਲਾ ਨੇ ਹਲਕੇ ਅਧੀਨ ਪੈਂਦੇ ਮੋਹਾਲੀ ਅਤੇ ਖਰੜ ਵਿੱਚ ਚੋਣ ਪ੍ਰਚਾਰ ਕੀਤਾ ਅਤੇ ਕਈ ਸਭਾਵਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਭਾਜਪਾ ਸਰਕਾਰ ਦਾ ਵਿਰੋਧ ਕਰਨ ਲਈ ਕਾਂਗਰਸ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਉਹ ਲੋਕਤੰਤਰ ਨੂੰ ਕਾਇਮ ਰੱਖਣ ਅਤੇ ਸੰਵਿਧਾਨਕ ਵਿਰਾਸਤ ਦੀ ਰਾਖੀ ਕਰਨ ਵਿਚ ਕਦੇ ਵੀ ਪਿੱਛੇ ਨਹੀਂ ਹਟਣਗੇ।

---------------------------------------------------

ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਵਜੋਂ ਜਸਵੀਰ ਸਿੰਘ ਗੜੀ ਨੇ ਸ੍ਰੀ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ ਕਲ ਕਾਗਜ਼ ਦਾਖਲ ਕੀਤੇ।

ਉਨਾਂ ਬੇਲਾ ਚੌਕ ਤੋਂ ਡਿਪਟੀ ਕਮਿਸ਼ਨਰ ਦਫਤਰ ਤੱਕ ਇਕ ਵਿਸ਼ਾਲ ਰੋਡ ਸ਼ੋ ਕੱਢਿਆ। ਇਕ ਇਕੱਠ ਨੂੰ ਸੰਬੋਧਨ ਕਰਦਿਆਂ ਉਨਾਂ ਭਰੋਸਾ ਦਿੱਤਾ ਕਿ ਇਲਾਕੇ ਦੀਆਂ ਮੰਗਾਂ ਸੰਸਦ ਵਿੱਚ ਚੁੱਕ ਕੇ ਕੇਂਦਰ ਸਰਕਾਰ ਤੋਂ ਵੱਡੇ ਪ੍ਰੋਜੈਕਟ ਲਿਆ ਕੇ ਖਿੱਤੇ ਦਾ ਵਿਕਾਸ ਕਰਵਾਇਆ ਜਾਵੇਗਾ।

-----------------------------------------------------

ਲੋਕ ਸਭਾ ਚੋਣ ਦੇ ਮੱਦੇਨਜ਼ਰ ਜ਼ਿਲ੍ਹਾ ਮੋਗਾ ਦੇ ਨੌਜਵਾਨਾਂ ਖਾਸਕਰ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕਰਨ ਵਾਸਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਏ। ਅਜਿਹੇ ਨੌਜਵਾਨ ਵੋਟਰਾਂ ਨੂੰ ਸਨਮਾਨਿਤ ਕਰਦਿਆਂ ਡਿਪਟੀ ਕਮਿਸ਼ਨਰ-ਕਮ- ਜ਼ਿਲ੍ਹਾ ਚੋਣ ਅਫ਼ਸਰ ਕੁਲਵੰਤ ਸਿੰਘ ਨੇ ਐਲਾਨ ਕੀਤਾ ਕਿ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨਾਂ ਨੂੰ ਪੋਲਿੰਗ ਬੂਥਾਂ ‘ਤੇ ਵੀ ਵਿਸ਼ੇਸ਼ ਤੋਹਫ਼ੇ ਨਾਲ ਨਿਵਾਜਿਆ ਜਾਵੇਗਾ। ਲਾਲਾ ਲਾਜਪਤ ਰਾਏ ਦੀ ਜਨਮ ਭੂਮੀ ਪਿੰਡ ਢੁੱਡੀਕੇ ਵਿਖੇ ਵੋਟਰ ਜਾਗਰੂਕਤਾ ਸਮਾਗਮ ‘ਚ ਆਏ ਵੋਟਰਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਨੌਜਵਾਨਾਂ ਨੂੰ ਸੱਦਾ

ਦਿੱਤਾ ਕਿ ਉਹ ਲੱਖਾਂ ਸ਼ਹੀਦਾਂ ਦੀ ਕੁਰਬਾਨੀ ਤੋਂ ਬਾਅਦ ਲੋਕਤੰਤਰ ਬਣੇ ਭਾਰਤ ਦੇ ਵਿਕਾਸ ਵਿੱਚ ਜ਼ਿੰਮੇਵਾਰ ਨਾਗਰਿਕ ਵਜੋਂ ਯੋਗਦਾਨ ਪਾਉਣ। ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਵਿੱਚ 18621 ਨੌਜਵਾਨ ਮੁੰਡੇ ਕੁੜੀਆਂ ਪਹਿਲੀ ਵਾਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ। ਉਨ੍ਹਾਂ ਇਨ੍ਹਾਂ ਸਾਰੇ ਨੌਜਵਾਨ ਵੋਟਰਾਂ ਨੂੰ ਵਧਾਈ ਦਿੱਤੀ ਅਤੇ ਸੱਦਾ ਦਿੱਤਾ ਕਿ ਉਹ ਪਰਿਵਾਰ, ਰਿਸ਼ਤੇਦਾਰਾਂ ਤੇ ਜਾਣ-ਪਛਾਣ ਵਾਲਿਆਂ ਨੂੰ ਵੋਟ ਦੇ ਇਸਤੇਮਾਲ ਬਾਰੇ ਜਾਗਰੂਕ ਕਰਨ।

---------------------------------------------------------------

ਹਿਮਾਲਿਆ ਪਰਬਤ ਵਿੱਚ ਸਥਿਤ ਵਿਸ਼ਵ ਪ੍ਰਸਿੱਧ ਗਿਆਰ੍ਹਵੇਂ ਜਯੋਤਿਰਲਿੰਗ ਬਾਬਾ ਕੇਦਾਰਨਾਥ ਦੇ ਦਰਵਾਜ਼ੇ ਅੱਜ ਸਵੇਰੇ ਰੀਤੀ-ਰਿਵਾਜਾਂ ਨਾਲ ਛੇ ਮਹੀਨਿਆਂ ਲਈ ਖੋਲ੍ਹ ਦਿੱਤੇ ਗਏ। ਪੂਜਾ ਤੋਂ ਬਾਅਦ ਸਵੇਰੇ ਸੱਤ ਵਜੇ ਭਗਵਾਨ ਭੈਰਵਨਾਥ ਅਤੇ ਭਗਵਾਨ ਸ਼ਿਵ ਨੂੰ ਯਾਦ ਕਰਦਿਆਂ ਸ੍ਰੀ ਕੇਦਾਰਨਾਥ ਮੰਦਰ ਦੇ ਦਰਵਾਜ਼ੇ ਖੋਲ੍ਹੇ ਗਏ। ਇਸ ਦੌਰਾਨ ਹੈਲੀਕਾਪਟਰ ਤੋਂ ਫੁੱਲਾਂ ਦੀ ਵਰਖਾ ਕੀਤੀ ਗਈ। ਕੇਦਾਰਧਾਮ ਕੰਪਲੈਕਸ ਫੌਜ ਦੀ ਗ੍ਰੇਨੇਡੀਅਰ ਰੈਜੀਮੈਂਟ ਦੇ ਬੈਂਡ ਦੀਆਂ ਸੁਰੀਲੀਆਂ ਧੁਨਾਂ ਨਾਲ

ਗੂੰਜ ਉੱਠਿਆ। ਇਸਦੇ ਨਾਲ ਹੀ ਚਾਰਧਾਮ ਯਾਤਰਾ ਵੀ ਸ਼ੁਰੂ ਹੋ ਗਈ ਏ ਅਤੇ 10 ਹਜ਼ਾਰ ਤੋਂ ਵੱਧ ਸ਼ਰਧਾਲੂਆਂ ਨੇ ਬਾਬਾ ਕੇਦਾਰਨਾਥ ਦੇ ਦਰਸ਼ਨ ਕੀਤੇ। ਮੰਦਰ ਨੂੰ ਕਰੀਬ 20 ਕੁਇੰਟਲ ਫੁੱਲਾਂ ਨਾਲ ਸਜਾਇਆ ਗਿਆ ਏ। ਕਤਾਰ ਬੱਧ ਚਾਰਧਾਮ ਸ਼ਰਧਾਲੂ ਤੜਕਸਾਰ 4 ਵਜੇ ਹੀ ਸ਼੍ਰੀ ਕੇਦਾਰਨਾਥ ਧਾਮ ਕੰਪਲੈਕਸ ਪਹੁੰਚਣੇ ਸ਼ੁਰੂ ਹੋ ਗਏ।

---------------------------------------------------

ਭਗਵਾਨ ਸ਼੍ਰੀ ਵਿਸ਼ਨੂੰ ਜੀ ਦੇ ਛੇਵੇਂ ਅਵਤਾਰ ਭਗਵਾਨ ਸ਼੍ਰੀ ਪਰਸ਼ੁਰਾਮ ਜੀ ਦਾ ਅਵਤਾਰ ਦਿਵਸ ਅੱਜ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਭਗਵਾਨ ਸ਼੍ਰੀ ਪਰਸ਼ੁਰਾਮ ਆਦਰਸ਼ ਬ੍ਰਹਮਚਾਰੀ ਹੋਣ ਦੇ ਨਾਲ ਨਾਲ ਬੇਹੱਦ ਬਹਾਦਰ ਅਤੇ ਉਤਸ਼ਾਹੀ ਵੀ ਸਨ। ਇਸ ਮੌਕੇ ਤੇ ਜਲੰਧਰ ਸਮੇਤ ਸੂਬੇ ਦੇ ਕਈ ਮੰਦਰਾਂ ਵਿਚ ਭਗਵਾਨ ਸ਼੍ਰੀ ਪਰਸ਼ੁਰਾਮ ਜੀ ਦੀ ਪੂਜਾ ਅਰਚਨਾ ਕੀਤੀ ਗਈ ਅਤੇ ਵਿਸ਼ੇਸ਼ ਹਵਨ ਯੱਗ ਕੀਤੇ ਗਏ। ਇਸ ਦੌਰਾਨ ਦੇਸ਼ ਦੀ ਖੁਸ਼ਹਾਲੀ, ਤਰੱਕੀ ਅਤੇ ਅਮਨ ਚੈਨ ਦੀ ਦੁਆ ਵੀ ਕੀਤੀ ਗਈ। ਅੱਜ ਦੇ ਦਿਨ ਨੂੰ ਅਕਸ਼ਯ ਤ੍ਰਿਤੀਆ ਵਜੋਂ ਵੀ ਮਨਾਇਆ ਜਾਂਦਾ ਏ।